**ਸੋ ਕਿਉ ਬਿਸਰੈ ਜਿ ਘਾਲ ਨ ਭਾਨੈ ॥ ਸੋ ਕਿਉ ਬਿਸਰੈ ਜਿ ਕੀਆ ਜਾਨੈ ॥ ਸੋ ਕਿਉ ਬਿਸਰੈ ਜਿਨਿ ਸਭੁ ਕਿਛੁ ਦੀਆ ॥ ਸੋ ਕਿਉ ਬਿਸਰੈ ਜਿ ਜੀਵਨ ਜੀਆ ॥ ਸੋ ਕਿਉ ਬਿਸਰੈ ਜਿ ਅਗਨਿ ਮਹਿ ਰਾਖੈ ॥ ਗੁਰ ਪ੍ਰਸਾਦਿ ਕੋ ਬਿਰਲਾ ਲਾਖੈ ॥ ਸੋ ਕਿਉ ਬਿਸਰੈ ਜਿ ਬਿਖੁ ਤੇ ਕਾਢੈ ॥ ਜਨਮ ਜਨਮ ਕਾ ਟੂਟਾ ਗਾਢੈ ॥ ਗੁਰਿ ਪੂਰੈ ਤਤੁ ਇਹੈ ਬੁਝਾਇਆ ॥ ਪ੍ਰਭੁ ਅਪਨਾ ਨਾਨਕ ਜਨ ਧਿਆਇਆ ॥੪॥** {ਪੰਨਾ 290}

ਪਦਅਰਥ:- ਸੋ—ਉਹ ਪ੍ਰਭੂ। ਘਾਲ—ਮੇਹਨਤ। ਨ ਭਾਨੈ—ਨਹੀਂ ਭੰਨਦਾ, ਅਜਾਈਂ ਨਹੀਂ ਜਾਣ ਦੇਂਦਾ। ਕੀਆ—ਕੀਤਾ, ਕੀਤੀ ਹੋਈ ਕਮਾਈ। ਜਾਨੈ—ਚੇਤੇ ਰੱਖਦਾ ਹੈ। ਜੀਵਨ ਜੀਆ—(ਜੀਵਾਂ ਦੀ) ਜ਼ਿੰਦਗੀ ਦਾ ਆਸਰਾ। ਅਗਨਿ—(ਮਾਂ ਦੇ ਪੇਟ ਦੀ) ਅੱਗ। ਲਾਖੈ—ਸਮਝਦਾ ਹੈ। ਬਿਖੁ—ਮਾਇਆ ਦੀ ਵਿਹੁ। ਗੁਰਿ ਪੂਰੈ—ਪੂਰੇ ਗੁਰੂ ਨੇ। ਤਤੁ—ਅਸਲੀਅਤ। ਜਨ—ਜਨਾਂ ਨੇ, ਸੇਵਕਾਂ ਨੇ।

ਅਰਥ:- (ਮਨੁੱਖ ਨੂੰ) ਉਹ ਪ੍ਰਭੂ ਕਿਉਂ ਵਿਸਰ ਜਾਏ ਜੋ (ਮਨੁੱਖ ਦੀ ਕੀਤੀ) ਮੇਹਨਤ ਨੂੰ ਅਜਾਈਂ ਨਹੀਂ ਜਾਣ ਦੇਂਦਾ, ਜੋ ਕੀਤੀ ਕਮਾਈ ਨੂੰ ਚੇਤੇ ਰੱਖਦਾ ਹੈ?

ਉਹ ਪ੍ਰਭੂ ਕਿਉਂ ਭੁੱਲ ਜਾਏ ਜਿਸ ਨੇ ਸਭ ਕੁਝ ਦਿੱਤਾ ਹੈ, ਜੋ ਜੀਵਾਂ ਦੀ ਜ਼ਿੰਦਗੀ ਦਾ ਆਸਰਾ ਹੈ?

ਉਹ ਅਕਾਲ ਪੁਰਖ ਕਿਉਂ ਵਿਸਰ ਜਾਏ ਜੋ (ਮਾਂ ਦੇ ਪੇਟ ਦੀ) ਅੱਗ ਵਿਚ ਬਚਾ ਕੇ ਰੱਖਦਾ ਹੈ? (ਪਰ) ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਇਹ ਗੱਲ) ਸਮਝਦਾ ਹੈ।

ਉਹ ਅਕਾਲ ਪੁਰਖ ਕਿਉਂ ਭੁੱਲ ਜਾਏ ਜੋ (ਮਾਇਆ-ਰੂਪ) ਜ਼ਹਰ ਤੋਂ ਬਚਾਉਂਦਾ ਹੈ ਅਤੇ ਕਈ ਜਨਮ ਦੇ ਵਿਛੁੜੇ ਹੋਏ ਜੀਵ ਨੂੰ (ਆਪਣੇ ਨਾਲ) ਜੋੜ ਲੈਂਦਾ ਹੈ?

(ਜਿਨ੍ਹਾਂ ਸੇਵਕਾਂ ਨੂੰ) ਪੂਰੇ ਗੁਰੂ ਨੇ ਇਹ ਗੱਲ ਸਮਝਾਈ ਹੈ, ਹੇ ਨਾਨਕ! ਉਹਨਾਂ ਨੇ ਆਪਣੇ ਪ੍ਰਭੂ ਨੂੰ ਸਿਮਰਿਆ ਹੈ।4।